# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :21-06-2026**

ਅੱਜ ਭਾਰਤ ਅਤੇ ਦੁਨੀਆ ਭਰ ਵਿੱਚ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ "ਵਧਦੀ ਉਮਰ ਦੇ ਪ੍ਰਭਾਵ ਨੂੰ ਰੋਕਣ ਲਈ ਯੋਗ" ਵਿਸ਼ੇ ਨਾਲ ਮਨਾਇਆ ਜਾ ਰਿਹਾ ਏ। ਇਹ ਵਿਸ਼ਾ ਸਿਹਤਮੰਦ, ਸਰਗਰਮ ਅਤੇ ਸਨਮਾਨਜਨਕ ਉਮਰ ਲਈ ਯੋਗ ਨੂੰ ਜੀਵਨ ਭਰ ਦੇ ਅਭਿਆਸ ਵਜੋਂ ਅਪਣਾਉਣ ਦੀ ਮਹੱਤਤਾ ਨੂੰ ਉਜਾਗਰ ਕਰਦਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੋਲਕਾਤਾ ਦੇ ਰੈੱਡ ਰੋਡ ਤੋਂ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਵਿੱਚ ਦੇਸ਼ ਦੀ ਅਗਵਾਈ ਕੀਤੀ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵੀ ਅੱਜ ਮੱਧ ਪ੍ਰਦੇਸ਼ ਦੇ ਜਬਲਪੁਰ ਦੇ ਗੈਰੀਸਨ ਗਰਾਊਂਡ ਵਿੱਚ ਯੋਗ ਕੀਤਾ। ਪੰਜਾਬ ਵਿੱਚ, ਰਾਜ ਭਰ ਵਿੱਚ ਵੀ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਵੱਖ-ਵੱਖ ਸਰਕਾਰੀ ਅਤੇ ਨਿੱਜੀ ਸੰਗਠਨਾਂ ਅਤੇ ਸੰਸਥਾਵਾਂ ਨੇ ਸਵੇਰੇ ਯੋਗਾ ਸੈਸ਼ਨ ਕਰਾਏ. ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਨੇ ਜਲੰਧਰ ਨੇੜੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਯੋਗ ਸੈਸ਼ਨ ਵਿੱਚ ਹਿੱਸਾ ਲਿਆ। ਉਨ੍ਹਾਂ

ਨੇ ਰਾਜ ਦੇ ਲੋਕਾਂ, ਖਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਆਓ ਨਸ਼ਿਆਂ ਨੂੰ ਨਾਂਹ ਕਹਿਣ ਲਈ ਇਕੱਠੇ ਹੋਈਏ ਅਤੇ ਵਿਕਸਿਤ ਭਾਰਤ ਦੇ ਹਿੱਸੇ ਵਜੋਂ ਇੱਕ ਰੌਸ਼ਨ ਪੰਜਾਬ ਬਣਾਈਏ- byte – NITIN NABIN – 37 sec

ਸਰਹੱਦੀ ਸੁਰੱਖਿਆ ਬਲ ਨੇ ਅੰਮ੍ਰਿਤਸਰ ਵਿੱਚ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ (JCP), ਗੁਰਦਾਸਪੁਰ ਵਿੱਚ ਕਰਤਾਰਪੁਰ ਸਾਹਿਬ ਕੋਰੀਡੋਰ, ਫਿਰੋਜ਼ਪੁਰ ਵਿੱਚ JCP ਹੁਸੈਨੀਵਾਲਾ ਅਤੇ ਫਾਜ਼ਿਲਕਾ ਸਰਹੱਦ 'ਤੇ JCP ਸਾਦਕੀ ਤੋਂ ਇਲਾਵਾ ਰਾਜ ਦੀਆਂ ਹੋਰ ਇਕਾਈਆਂ ਅਤੇ ਹੈੱਡਕੁਆਰਟਰ 'ਤੇ ਇਹ ਸਮਾਗਮ ਕਰਾਇਆ ਗਿਆ. ਪ੍ਰਸਿੱਧ ਸਾਂਝੀ ਚੈਕ ਪੋਸਟ ਅਟਾਰੀ ਵਿਖੇ, ਮੁੱਖ ਮਹਿਮਾਨ, BSF ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ, ਡਾ. ਅਤੁਲ ਫੁਲਜ਼ੇਲੇ ਨੇ ਸਰਹੱਦੀ ਪਿੰਡ ਵਾਸੀਆਂ ਸਮੇਤ ਹਿੱਸਾ ਲੈਣ ਵਾਲਿਆਂ ਨੂੰ ਯੋਗ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਵਿੱਚ ਸ਼ਾਮਲ ਕਰਨ ਲਈ ਉਤਸ਼ਾਹਿਤ ਕੀਤਾ । ਅੰਤਰਰਾਸ਼ਟਰੀ ਯੋਗ ਦਿਵਸ ਦੇ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਕੋਟਕਪੂਰਾ ਦੇ ਲਾਲਾ ਲਾਜਪਤ ਰਾਏ ਪਾਰਕ ਵਿਖੇ ਕਰਵਾਏ ਗਏ ਯੋਗ ਸਮਾਗਮ ਵਿੱਚ ਸ਼ਮੂਲੀਅਤ ਕਰਦਿਆਂ ਯੋਗ ਅਭਿਆਸ ਕੀਤਾ । ਯੋਗ ਦਿਵਸ ਮੌਕੇ , ਜ਼ਿਲ੍ਹਾ ਕਾਨੂੰਨੀ ਸੇਵਾਵਾਂ

ਅਥਾਰਟੀ (DLSA), ਚੰਡੀਗੜ੍ਹ ਨੇ ਅੱਜ ਜ਼ਿਲ੍ਹਾ ਕੋਰਟ ਕੰਪਲੈਕਸ, ਚੰਡੀਗੜ੍ਹ ਵਿਖੇ ਇੱਕ ਯੋਗਾ ਸੈਸ਼ਨ ਕਰਾਇਆ. ਇਹ ਪ੍ਰੋਗਰਾਮ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ (SLSA), ਚੰਡੀਗੜ੍ਹ ਦੇ ਮੈਂਬਰ ਸਕੱਤਰ ਸ੍ਰੀ ਅਰੁਣ ਕੁਮਾਰ ਅਗਰਵਾਲ ਅਤੇ ਸ੍ਰੀ ਸੁਨੀਲ ਕੁਮਾਰ, ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, DLSA, ਚੰਡੀਗੜ੍ਹ ਦੀ ਅਗਵਾਈ ਹੇਠ ਕਰਾਇਆ ਗਿਆ।

---------------------------------------------------------

ਹੁਸ਼ਿਆਰਪੁਰ ਨਗਰ ਨਿਗਮ ਚੋਣਾਂ ਦੇ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਗਿਆ ਏ. ਵੋਟਾਂ 5 ਜੁਲਾਈ ਨੂੰ ਪੈਣਗੀਆਂ. ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਸੰਬੰਧਿਤ ਨਗਰ ਨਿਗਮ ਖੇਤਰ ਵਿੱਚ ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਏ । ਉਨ੍ਹਾਂ ਦੱਸਿਆ ਕਿ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਪ੍ਰਕਿਰਿਆ 22 ਜੂਨ ਤੋਂ ਸ਼ੁਰੂ ਹੋਵੇਗੀ। ਉਮੀਦਵਾਰ 22, 23 ਅਤੇ 24 ਜੂਨ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕਰ ਸਕਣਗੇ, ਜਦਕਿ 25 ਜੂਨ ਨੂੰ ਦੁਪਹਿਰ 3 ਵਜੇ ਤੱਕ ਨਾਮਜ਼ਦਗੀ ਪੱਤਰ ਜਮ੍ਹਾਂ ਕਰਵਾਉਣ ਦੀ ਆਖ਼ਰੀ ਤਰੀਕ ਹੋਏਗੀ 26 ਜੂਨ ਨੂੰ ਨਾਮਜ਼ਦਗੀ

ਪੱਤਰਾਂ ਦੀ ਜਾਂਚ ਕੀਤੀ ਜਾਵੇਗੀ ਅਤੇ 27 ਜੂਨ ਨੂੰ ਦੁਪਹਿਰ 3 ਵਜੇ ਤੱਕ ਉਮੀਦਵਾਰ ਆਪਣੇ ਨਾਂ ਵਾਪਸ ਲੈ ਸਕਣਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 5 ਜੁਲਾਈ 2 (ਐਤਵਾਰ) ਨੂੰ ਨਗਰ ਨਿਗਮ ਦੇ 50 ਵਾਰਡਾਂ ਵਿੱਚ ਵੋਟਿੰਗ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 1,ਲਖ 34, ਹਜ਼ਾਰ ਵੋਟਰ ਰਜਿਸਟਰਡ ਨੇ ਅਤੇ ਕੁੱਲ 139 ਪੋਲਿੰਗ ਬੂਥ ਬਣਾਏ ਗਏ ਨੇ. ਉਨ੍ਹਾਂ ਦੱਸਿਆ ਕਿ ਵੋਟਿੰਗ ਦਾ ਸਮਾਂ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਨਿਰਧਾਰਤ ਕੀਤਾ ਗਿਆ ਏ। ਚੋਣ ਅਮਲ 7 ਜੁਲਾਈ ਤੱਕ ਮੁਕੰਮਲ ਕਰ ਲਿਆ ਜਾਏਗਾ.

---------------------------------------------------------

ਸੰਗਠਿਤ ਅਪਰਾਧ ਅਤੇ ਗੈਂਗਸਟਰ ਨੈੱਟਵਰਕ ਵਿਰੁੱਧ ਇੱਕ ਵੱਡੀ ਸਫਲਤਾ ਵਿੱਚ, ਰਾਜ ਵਿਸ਼ੇਸ਼ ਆਪ੍ਰੇਸ਼ਨ ਸੈੱਲ (SSOC) ਅੰਮ੍ਰਿਤਸਰ ਅਤੇ ਕਾਊਂਟਰ ਇੰਟੈਲੀਜੈਂਸ (CI) ਜਲੰਧਰ ਨੇ ਇੱਕ ਕੇਂਦਰੀ ਏਜੰਸੀ ਦੇ ਤਾਲਮੇਲ ਨਾਲ, ਵਿਦੇਸ਼ੀ ਹੈਂਡਲਰਾਂ ਨਾਲ ਜੁੜੇ ਇੱਕ ਗੈਂਗਸਟਰ ਮਾਡਿਊਲ ਦਾ ਪਰਦਾਫਾਸ਼ ਕੀਤਾ ਏ, ਜਿਸ ਵਿੱਚ ਇਸਦੇ ਤਿੰਨ ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਏ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਵਿਦੇਸ਼ੀ ਆਧੁਨਿਕ ਪਿਸਤੌਲ ਅਤੇ ਗੋਲੀ ਸਿੱਕਾ ਬਰਾਮਦ ਕੀਤਾ ਗਿਆ ਏ. ਵਧੇਰੇ ਜਾਣਕਾਰੀ ਦਿੰਦਿਆਂ DGP ਪੰਜਾਬ, ਗੌਰਵ ਯਾਦਵ ਨੇ ਦੱਸਿਆ ਕਿ ਇਹ, ਇੱਕ ਵਿਅਕਤੀ ਦੀ ਗ੍ਰਿਫ਼ਤਾਰੀ ਤੋਂ ਬਾਅਦ ਹੋਇਆ ਏ ਜਿਸਦੇ ਕਬਜ਼ੇ

ਵਿੱਚੋਂ ਇੱਕ AK-47 ਰਾਈਫਲ ਅਤੇ 25 ਪਿਸਤੌਲਾਂ ਸਮੇਤ 26 ਆਧੁਨਿਕ ਹਥਿਆਰ ਬਰਾਮਦ ਹੋਏ ਨੇ.

---------------------------------------------------------------

ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾਉਣ ਅਤੇ ਪਾਕਿਸਤਾਨ ਸਥਿਤ ਇਤਿਹਾਸਕ ਸਿੱਖ ਗੁਰਧਾਮਾਂ ਦੇ ਦਰਸ਼ਨਾਂ ਲਈ 290 ਸ਼ਰਧਾਲੂਆਂ ਦਾ ਜਥਾ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦੇ ਪ੍ਰਬੰਧ ਹੇਠ ਅੰਮ੍ਰਿਤਸਰ ਤੋਂ ਪਾਕਿਸਤਾਨ ਲਈ ਰਵਾਨਾ ਹੋਇਆ। ਇਹ ਜਥਾ 10 ਦਿਨਾਂ ਦੀ ਯਾਤਰਾ ਦੌਰਾਨ ਨਨਕਾਣਾ ਸਾਹਿਬ, ਪੰਜਾ ਸਾਹਿਬ, ਸੱਚਾ ਸੌਦਾ, ਕਰਤਾਰਪੁਰ ਸਾਹਿਬ, ਰੋੜੀ ਸਾਹਿਬ, ਗੁਰੂ ਰਾਮਦਾਸ ਜੀ ਦੇ ਜਨਮ ਅਸਥਾਨ ਅਤੇ ਹੋਰ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰੇਗਾ। ਜਥਾ 30 ਜੂਨ ਨੂੰ ਵਾਪਸ ਭਾਰਤ ਪਰਤੇਗਾ.